2024-4/676

# ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ (SCERT),ਪੰਜਾਬ

ਬਲਾਕ-ਈ, ਛੇਵੀਂ ਮੰਜ਼ਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ:-0172-2212221

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਸਿੱ)
ਪੰਜਾਬ।

ਮੀਮੋ ਨੰ:- SCERT/4/2024-TRAINING-SCERT /649700/ 255-59
ਮਿਤੀ: ਐਸ.ਏ.ਐਸ.ਨਗਰ, 13 -03-2024

ਵਿਸ਼ਾ:- **ਸਕੂਲਾਂ ਵਿੱਚ Electoral Literacy ਨੂੰ ਉਤਸ਼ਾਹਿਤ ਕਰਨ ਸੰਬੰਧੀ।**

ਹਵਾਲਾ:- ਮੁੱਖ ਚੋਣ ਅਫ਼ਸਰ ਅਤੇ ਸਕੱਤਰ, ਪੰਜਾਬ ਸਰਕਾਰ ਚੋਣ ਵਿਭਾਗ, ਪੰਜਾਬ ਵੱਲੋਂ ਪ੍ਰਾਪਤ ਪੱਤਰ D.O. No.6299 Dated, Chd.14-11-2023 ਦੇ ਸੰਬੰਧ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਦੇ ਸੰਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਭਾਰਤੀ ਚੋਣ ਕਮਿਸ਼ਨ (ECI) ਅਤੇ ਸਿੱਖਿਆ ਮੰਤਰਾਲੇ ਵੱਲੋਂ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਹੋਏ ਸਮਝੌਤੇ ਅਨੁਸਾਰ ਸਕੂਲਾਂ ਅਤੇ ਕਾਲਜਾਂ ਵਿੱਚ ਭਵਿੱਖ ਦੇ ਨਵੇਂ ਵੋਟਰਾਂ ਨੂੰ ਚੋਣ ਪ੍ਰਕਿਰਿਆ ਬਾਰੇ ਜਾਗਰੂਕ ਕਰਨ ਲਈ ਦਿਲਚਸਪ ਗਤੀਵਿਧੀਆਂ ਅਤੇ ਹੱਥੀਂ ਅਨੁਭਵ ਦੁਆਰਾ ਚੋਣ ਪ੍ਰਕਿਰਿਆ ਵਿੱਚ ਸ਼ਾਮਲ ਕਰਨ ਲਈ ਇਲੈਕਟੋਰਲ ਲਿਟਰੇਸੀ ਕਲੱਬ (ELC) ਸਥਾਪਿਤ ਕੀਤੇ ਜਾਣ।

2.0 ਇਲੈਕਟੋਰਲ ਲਿਟਰੇਸੀ ਕਲੱਬ (ELC) ਭਵਿੱਖ ਦੇ ਨਵੇਂ ਵੋਟਰਾਂ ਨੂੰ ਚੋਣ ਪ੍ਰਕਿਰਿਆ ਬਾਰੇ ਜਾਗਰੂਕ ਕਰਨ ਲਈ ਇੱਕ ਵਧੀਆ ਪਲੇਟਫਾਰਮ ਹੈ।

3.0 ਚੋਣ ਵਿਭਾਗ, ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਚੋਣ ਸਾਖਰਤਾ ਨੂੰ ਸਕੂਲ ਸਿੱਖਿਆ ਪ੍ਰਣਾਲੀ ਵਿੱਚ ਜਮਾਤ 6ਵੀਂ ਤੋਂ 12ਵੀਂ ਤੱਕ ਸ਼ਾਮਲ ਕੀਤਾ ਜਾਵੇ।

4.0 ਚੋਣ ਸਾਖਰਤਾ ਅਧੀਨ curricular, co-curricular and extracurricular ਗਤੀਵਿਧੀਆਂ ਸ਼ਾਮਲ ਕੀਤੀਆਂ ਜਾ ਸਕਦੀਆਂ ਹਨ, ਜੋ ਕਿ ਭਵਿੱਖ ਵਿੱਚ ਨਵੇਂ ਵੋਟਰਾਂ ਨੂੰ ਸਭ ਤੋਂ ਵੱਧ ਚੋਣ ਭਾਗੀਦਾਰੀ ਲਈ ਤਿਆਰ ਕਰਨ ਵਿੱਚ ਮੱਦਦ ਕਰਨਗੀਆਂ।

5.0 ਹਰੇਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਵੋਟਰ ਸਿੱਖਿਆ ਸਮੱਗਰੀ ਦੇ ਨਿਯਮਿਤ ਪ੍ਰਦਰਸ਼ਨ ਲਈ ਸਮਾਜਿਕ ਸਿੱਖਿਆ ਕਾਰਨਰ/ਰੂਮ ਨੂੰ Democracy Corner/Room ਵੱਜੋਂ ਸਥਾਪਤ ਕੀਤਾ ਜਾਵੇ।

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

**ਪਿਠ ਅੰਕਣ ਨੰ :ਜੀ-1/1 ( )2024** / 8074 **ਮਿਤੀ: 13/03/2024**

**ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।**

**ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ)**
**ਬਠਿੰਡਾ ।**

6.0 Democracy Corner/Room ਵਿੱਚ ਵੋਟਰ ਸਿੱਖਿਆ ਸਮੱਗਰੀ ਅਤੇ SVEEP (Systematic Voter's Education and Electoral Participation) ਸਮੱਗਰੀ ਰੱਖੀ ਜਾਵੇ ਅਤੇ ਸਮੱਗਰੀ ਦੀ ਵਰਤੋਂ ਕਰਦੇ ਹੋਏ ਹੋ ਰਹੀਆਂ/ ਹੋਣ ਵਾਲੀਆਂ ਗਤੀਵਿਧੀਆਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਜਾਵੇ।

7.0 ਉਕਤ ਤੋਂ ਇਲਾਵਾ ਵੋਟਰ ਸਾਖਰਤਾ ਸੰਬੰਧੀ ਨੈਸ਼ਨਲ ਵੋਟਰ ਦਿਵਸ (25 ਜਨਵਰੀ) 'ਤੇ ਅਤੇ ਆਮ ਦਿਨਾਂ ਵਿੱਚ ਵੋਟਰ ਸਾਖਰਤਾ ਸੰਬੰਧੀ ਭਾਸ਼ਣ ਪ੍ਰਤੀਯੋਗਤਾਵਾਂ, ਲੇਖ ਮੁਕਾਬਲੇ, ਕਵਿਤਾ ਮੁਕਾਬਲੇ, ਰੈਲੀਆਂ ਆਦਿ ਕਰਵਾ ਕੇ ਚੋਣ ਸਾਖਰਤਾ ਬਾਰੇ ਵਿਦਿਆਰਥੀਆਂ/ਆਮ ਲੋਕਾਂ ਵਿੱਚ ਜਾਗਰੂਕਤਾ ਫੈਲਾਈ ਜਾਵੇ।

ਸਹੀ/-

ਡਾਇਰੈਕਟਰ

ਐਸ.ਸੀ.ਈ.ਆਰ.ਟੀ. ਪੰਜਾਬ।

ਪਿੱਠ ਅੰਕਣ ਨੰ. ਉਕਤ/256-59 ਮਿਤੀ:- ਐਸ.ਏ.ਐਸ. ਨਗਰ, 13 -03-2024

ਉਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ,
2. ਪੀ.ਏ. ਟੂ ਸਪੈਸ਼ਲ ਸਕੱਤਰ ਸਕੂਲ ਸਿੱਖਿਆ, ਪੰਜਾਬ,
3. ਪੀ.ਏ. ਟੂ ਡੀ.ਜੀ.ਐਸ.ਈ., ਪੰਜਾਬ,
4. ਪੀ.ਏ. ਟੂ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਸਿੱ), ਪੰਜਾਬ।

13.03.2024

ਸਹਾਇਕ ਡਾਇਰੈਕਟਰ

ਐਸ.ਸੀ.ਈ.ਆਰ.ਟੀ. ਪੰਜਾਬ।